Tape/CD: 1353

# ਪੰਨਾ ੧੨੪੭

ਸਾਰੰਗ ਕੀ ਵਾਰ ਮਹਲਾ ੪ ਰਾਇ ਮਹਮੇ ਹਸਨੇ ਕੀ ਧੁਨਿ

ਸਲੋਕ ਮਃ ੩ ॥ ਜਿਚਰੁ ਇਹੁ ਮਨੁ ਲਹਰੀ ਵਿਚਿ ਹੈ ਹਉਮੈ ਬਹੁਤੁ ਅਹੰਕਾਰੁ ॥ ਸਬਦੈ ਸਾਦੁ ਨ ਆਵਈ ਨਾਮਿ ਨ ਲਗੈ ਪਿਆਰੁ ॥ **ਸੇਵਾ ਥਾਇ ਨ ਪਵਈ ਤਿਸ ਕੀ ਖਪਿ ਖਪਿ ਹੋਇ ਖੁਆਰੁ ॥** ਨਾਨਕ ਸੇਵਕੁ ਸੋਈ ਆਖੀਐ ਜੋ ਸਿਰੁ ਧਰੇ ਉਤਾਰਿ ॥ ਸਤਿਗੁਰ ਕਾ ਭਾਣਾ ਮੰਨਿ ਲਏ ਸਬਦੁ ਰਖੈ ਉਰ ਧਾਰਿ ॥ ੧ ॥